ਸੂਹੀ ਮਹਲਾ ੫ ॥ ਜਬ ਕਛੁ ਨ ਸੀਓ ਤਬ ਕਿਆ ਕਰਤਾ ਕਵਨ ਕਰਮ ਕਰਿ ਆਇਆ ॥ ਅਪਨਾ ਖੇਲੁ ਆਪਿ ਕਰਿ ਦੇਖੈ ਠਾਕੁਰਿ ਰਚਨੁ ਰਚਾਇਆ ॥੧॥ ਮੇਰੇ ਰਾਮ ਰਾਇ ਮੁਝ ਤੇ ਕਛੂ ਨ ਹੋਈ ॥ ਆਪੇ ਕਰਤਾ ਆਪਿ ਕਰਾਏ ਸਰਬ ਨਿਰੰਤਰਿ ਸੋਈ ॥੧ ॥ ਰਹਾਉ ॥ ਗਣਤੀ ਗਣੀ ਨ ਛੂਟੈ ਕਤਹੂ ਕਾਚੀ ਦੇਹ ਇਆਣੀ ॥ ਕ੍ਰਿਪਾ ਕਰਹੁ ਪ੍ਰਭ ਕਰਣੈਹਾਰੇ ਤੇਰੀ ਬਖਸ ਨਿਰਾਲੀ ॥੨॥ ਜੀਅ ਜੰਤ ਸਭ ਤੇਰੇ ਕੀਤੇ ਘਟਿ ਘਟਿ ਤੁਹੀ ਧਿਆਈਐ ॥ ਤੇਰੀ ਗਤਿ ਮਿਤਿ ਤੂਹੈ ਜਾਣਹਿ ਕੁਦਰਤਿ ਕੀਮ ਨ ਪਾਈਐ ॥੩ ॥ ਨਿਰਗੁਣੁ ਮੁਗਧੁ ਅਜਾਣੁ ਅਗਿਆਨੀ ਕਰਮ ਧਰਮ ਨਹੀ ਜਾਣਾ ॥ ਦਇਆ ਕਰਹੁ ਨਾਨਕੁ ਗੁਣ ਗਾਵੈ ਮਿਠਾ ਲਗੈ ਤੇਰਾ ਭਾਣਾ ॥੪॥੬॥੫੩॥ {ਪੰਨਾ 748}

ਪਦਅਰਥ:- ਕਛੁ—(ਜਗਤ ਦਾ) ਕੁਝ ਭੀ। ਸੀਓ—ਸੀ। ਕਰਿ—ਕਰ ਕੇ। ਆਇਆ—(ਹੁਣ) ਜਨਮਿਆ ਹੈ। ਖੇਲੁ—ਤਮਾਸ਼ਾ। ਠਾਕੁਰਿ—ਠਾਕੁਰ ਨੇ।1।

ਰਾਮ ਰਾਇ—ਹੇ ਪ੍ਰਭੂ-ਪਾਤਿਸ਼ਾਹ! ਮੁਝ ਤੇ—ਮੈਥੋਂ। ਆਪੇ—ਆਪ ਹੀ। ਸਰਬ ਨਿਰੰਤਰਿ—ਸਭਨਾਂ ਦੇ ਅੰਦਰ ਇਕ-ਰਸ। ਸੋਈ—ਉਹ ਪਰਮਾਤਮਾ ਹੀ।1। ਰਹਾਉ।

ਗਣਤੀ ਗਣੀ—ਲੇਖਾ ਗਿਣਿਆਂ। ਕਤ ਹੂ—ਕਿਸੇ ਭੀ ਤਰ੍ਹਾਂ। ਕਾਚੀ—ਨਾਸਵੰਤ। ਪ੍ਰਭ—ਹੇ ਪ੍ਰਭੂ! ਕਰਣੈਹਾਰੇ—ਹੇ ਸਭ ਕੁਝ ਕਰਨ ਦੇ ਸਮਰਥ! ਨਿਰਾਲੀ—ਅਨੋਖੀ, ਵੱਖਰੀ ਕਿਸਮ ਦੀ।2।

ਕੀਤੇ—ਪੈਦਾ ਕੀਤੇ ਹੋਏ। ਘਟਿ ਘਟਿ—ਹਰੇਕ ਸਰੀਰ ਵਿਚ। ਗਤਿ—ਆਤਮਕ ਅਵਸਥਾ। ਮਿਤਿ—ਮਾਪ, ਮਰਯਾਦਾ। ਤੇਰੀ ਗਤਿ ਮਿਤਿ—ਤੇਰੀ ਆਤਮਕ ਅਵਸਥਾ ਅਤੇ ਤੇਰੀ ਹਸਤੀ ਦਾ ਹੱਦ-ਬੰਨਾ। ਕੀਮ—ਕੀਮਤ।3।

ਨਿਰਗੁਣੁ—ਗੁਣ-ਹੀਨ। ਮੁਗਧੁ—ਮੂਰਖ। ਅਜਾਣੁ—ਬੇ-ਸਮਝ। ਅਗਿਆਨੀ—ਆਤਮਕ ਜੀਵਨ ਤੋਂ ਬੇ-ਸਮਝ। ਭਾਣਾ—ਰਜ਼ਾ।4।

ਅਰਥ:- ਹੇ ਮੇਰੇ ਪ੍ਰਭੂ-ਪਾਤਿਸ਼ਾਹ! (ਤੇਰੀ ਪ੍ਰੇਰਨਾ ਸਹਾਇਤਾ ਤੋਂ ਬਿਨਾ) ਮੈਥੋਂ ਕੋਈ ਕੰਮ ਨਹੀਂ ਹੋ ਸਕਦਾ। ਹੇ ਭਾਈ! ਉਹ ਪਰਮਾਤਮਾ ਹੀ ਸਾਰੇ ਜੀਵਾਂ ਵਿਚ ਇਕ-ਰਸ ਵਿਆਪਕ ਹੈ, ਉਹ ਆਪ ਹੀ (ਜੀਵਾਂ ਵਿਚ ਬੈਠ ਕੇ) ਸਭ ਕੁਝ ਕਰਦਾ ਹੈ, ਉਹ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ।1। ਰਹਾਉ।

ਹੇ ਭਾਈ! ਜਦੋਂ ਅਜੇ ਸੰਸਾਰ ਹੀ ਨਹੀਂ ਸੀ (ਇਹ ਜੀਵ ਭੀ ਨਹੀਂ ਸੀ, ਤਦੋਂ) ਇਹ ਜੀਵ ਕੀਹ ਕਰਦਾ

ਸੀ? ਤੇ, ਕੇਹੜੇ ਕਰਮ ਕਰ ਕੇ ਇਹ ਹੋਂਦ ਵਿਚ ਆਇਆ ਹੈ? (ਅਸਲ ਗੱਲ ਇਹ ਕਿ) ਪਰਮਾਤਮਾ ਨੇ ਆਪ ਹੀ ਜਗਤ-ਰਚਨਾ ਰਚੀ ਹੈ, ਉਹ ਆਪ ਹੀ ਆਪਣਾ ਇਹ ਜਗਤ-ਤਮਾਸ਼ਾ ਰਚ ਕੇ ਆਪ ਹੀ ਇਸ ਤਮਾਸ਼ੇ ਨੂੰ ਵੇਖ ਰਿਹਾ ਹੈ।1।

ਹੇ ਪ੍ਰਭੂ! ਇਹ ਜੀਵ ਅੰਞਾਣ ਅਕਲ ਵਾਲਾ ਤੇ ਨਾਸਵੰਤ ਸਰੀਰ ਵਾਲਾ ਹੈ। ਜੇ ਇਸ ਦੇ ਕੀਤੇ ਕਰਮਾਂ ਦਾ ਲੇਖਾ ਗਿਣਿਆ ਗਿਆ, ਤਾਂ ਇਹ ਕਿਸੇ ਭੀ ਤਰ੍ਹਾਂ ਸੁਰਖ਼ਰੂ ਨਹੀਂ ਹੋ ਸਕਦਾ। ਹੇ ਸਭ ਕੁਝ ਕਰਨ ਦੇ ਸਮਰਥ ਪ੍ਰਭੂ! ਤੂੰ ਆਪ ਹੀ ਮੇਹਰ ਕਰ (ਤੇ ਬਖ਼ਸ਼)। ਤੇਰੀ ਬਖ਼ਸ਼ਸ਼ ਵੱਖਰੀ ਹੀ ਕਿਸਮ ਦੀ ਹੈ।2।

ਹੇ ਪ੍ਰਭੂ! (ਜਗਤ ਦੇ) ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਹਰੇਕ ਸਰੀਰ ਵਿਚ ਤੇਰਾ ਹੀ ਧਿਆਨ ਧਰਿਆ ਜਾ ਰਿਹਾ ਹੈ। ਤੂੰ ਕਿਹੋ ਜਿਹਾ ਹੈਂ, ਤੂੰ ਕੇਡਾ ਵੱਡਾ ਹੈਂ—ਇਹ ਭੇਤ ਤੂੰ ਆਪ ਹੀ ਜਾਣਦਾ ਹੈਂ। ਤੇਰੀ ਕੁਦਰਤਿ ਦਾ ਮੁੱਲ ਨਹੀਂ ਪੈ ਸਕਦਾ।3।

ਹੇ ਪ੍ਰਭੂ! ਮੈਂ ਗੁਣ-ਹੀਨ ਹਾਂ, ਮੈਂ ਮੂਰਖ ਹਾਂ, ਮੈਂ ਬੇ-ਸਮਝ ਹਾਂ, ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ, ਮੈਂ ਕੋਈ ਧਾਰਮਿਕ ਕੰਮ ਕਰਨੇ ਭੀ ਨਹੀਂ ਜਾਣਦਾ (ਜਿਨ੍ਹਾਂ ਨਾਲ ਤੈਨੂੰ ਖ਼ੁਸ਼ ਕਰ ਸਕਾਂ)। ਹੇ ਪ੍ਰਭੂ! ਮੇਹਰ ਕਰ, (ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ, ਅਤੇ (ਨਾਨਕ ਨੂੰ) ਤੇਰੀ ਰਜ਼ਾ ਮਿੱਠੀ ਲੱਗਦੀ ਰਹੇ।4।6। 53।